# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 13:10

**ਮਿਤੀ :12-02-2026**

ਰਾਸ਼ਟਰਪਤੀ ਦ੍ਰੋਪਦੀ ਮੁਰਮੂ, ਉਪ-ਰਾਸ਼ਟਰਪਤੀ ਸੀ.ਪੀ. ਰਾਧਾਕ੍ਰਿਸ਼ਨਨ, ਅਤੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਸਵਾਮੀ ਦਯਾਨੰਦ ਸਰਸਵਤੀ ਨੂੰ ਉਨ੍ਹਾਂ ਦੀ ਜੈਯੰਤੀ 'ਤੇ ਸ਼ਰਧਾਂਜਲੀ ਭੇਟ ਕੀਤੀ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਕਿਹਾ ਕਿ ਸਵਾਮੀ ਦਯਾਨੰਦ ਸਰਸਵਤੀ ਨੇ ਸਮਾਜ ਦੇ ਨਾਲ-ਨਾਲ ਦੇਸ਼ ਦੀ ਸਿੱਖਿਆ ਪ੍ਰਣਾਲੀ ਨੂੰ ਅਨਮੋਲ ਮਾਰਗ-ਦਰਸ਼ਨ ਪ੍ਰਦਾਨ ਕੀਤਾ। ਰਾਸ਼ਟਰਪਤੀ ਨੇ ਕਿਹਾ ਕਿ ਦੇਸ਼ ਨੂੰ ਹਮੇਸ਼ਾ ਉਨ੍ਹਾਂ ਵਲੋਂ ਸਥਾਪਿਤ ਅਧਿਆਤਮਿਕ ਅਤੇ ਵਿਦਿਅਕ ਸੰਸਥਾਵਾਂ ਤੋਂ ਲਾਭ ਹੋਇਆ ਏ ਅਤੇ ਮਿਲਦਾ ਰਹੇਗਾ। ਉਪ ਰਾਸ਼ਟਰਪਤੀ ਸੀ.ਪੀ. ਰਾਧਾਕ੍ਰਿਸ਼ਨਨ ਨੇ ਕਿਹਾ ਕਿ ਮਹਾਰਿਸ਼ੀ ਦਯਾਨੰਦ ਸਰਸਵਤੀ ਨੇ ਆਪਣਾ ਪੂਰਾ ਜੀਵਨ ਅੰਧਵਿਸ਼ਵਾਸ, ਦਿਖਾਵੇ ਅਤੇ ਸਮਾਜਿਕ ਬੁਰਾਈਆਂ ਨੂੰ ਖਤਮ ਕਰਨ ਲਈ ਸਮਰਪਿਤ ਕਰ ਦਿੱਤਾ। ਉਪ ਰਾਸ਼ਟਰਪਤੀ ਨੇ ਕਿਹਾ ਕਿ ਸਿੱਖਿਆ ਫੈਲਾਉਣ, ਔਰਤਾਂ ਨੂੰ ਸਸ਼ਕਤ ਬਣਾਉਣ ਅਤੇ ਭਾਰਤੀ ਸੱਭਿਆਚਾਰ ਨੂੰ

ਸੁਰੱਖਿਅਤ ਰੱਖਣ ਦੇ ਉਨ੍ਹਾਂ ਦੇ ਉਪਰਾਲਿਆਂ  ਨੇ ਦੇਸ਼ ਨੂੰ ਇੱਕ ਨਵੀਂ ਵਿਚਾਰਧਾਰਕ ਦਿਸ਼ਾ ਅਤੇ ਸਵੈ-ਮਾਣ ਦੀ ਭਾਵਨਾ ਦਿੱਤੀ। ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਕਿ ਸਵਾਮੀ ਦਯਾਨੰਦ ਸਰਸਵਤੀ ਨੇ ਨਾ ਸਿਰਫ਼ ਸਿੱਖਿਆ ਨੂੰ ਉਤਸ਼ਾਹਿਤ ਕਰਨ ਵਿੱਚ ਸਗੋਂ ਭਾਰਤੀ ਸੱਭਿਆਚਾਰ ਅਤੇ ਰਿਵਾਇਤ  ਨੂੰ ਅਮੀਰ ਬਣਾਉਣ ਵਿੱਚ ਵੀ ਵਿਲੱਖਣ ਯੋਗਦਾਨ ਪਾਇਆ। ਸ਼੍ਰੀ ਮੋਦੀ ਨੇ ਕਿਹਾ ਕਿ ਸਮਾਜਿਕ ਸੁਧਾਰ ਲਈ ਉਨ੍ਹਾਂ ਦੇ ਯਤਨ ਦੇਸ਼ ਵਾਸੀਆਂ ਲਈ ਪ੍ਰੇਰਨਾ ਸਰੋਤ ਬਣੇ ਰਹਿਣਗੇ।

---------------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸਰਕਾਰ, ਸੂਬੇ ਵਿੱਚ ਗ੍ਰਾਮ ਨਿਆਲਿਆ ਦੇ ਮੁੱਦੇ 'ਤੇ ਸਾਰੇ ਕਾਨੂੰਨੀ ਵਿਕਲਪਾਂ ਦੀ ਪੜਚੋਲ ਕਰੇਗੀ। ਮੁੱਖ ਮੰਤਰੀ ਨੇ ਇਸ ਮਾਮਲੇ ਦੀ ਡੂੰਘਾਈ ਨਾਲ ਜਾਂਚ ਕਰਨ ਲਈ, ਕਾਨੂੰਨੀ ਮਾਹਿਰਾਂ ਦੀ ਕਮੇਟੀ ਬਣਾਉਣ ਦਾ ਐਲਾਨ ਕਰਦਿਆਂ ਕਿਹਾ ਕਿ ਉਹ, ਇਸ ਨੂੰ ਕੇਂਦਰ ਸਰਕਾਰ ਕੋਲ ਢੁਕਵੇਂ ਪੱਧਰ 'ਤੇ ਉਠਾਉਣਗੇ। ਮਿਉਂਸਿਪਲ ਭਵਨ ਵਿਖੇ 65 ਬਾਰ ਐਸੋਸੀਏਸ਼ਨਾਂ ਦੇ ਨੁਮਾਇੰਦਿਆਂ ਨਾਲ ਗੱਲਬਾਤ ਕਰਦਿਆਂ ਮੁੱਖ ਮੰਤਰੀ ਨੇ ਜ਼ੋਰ ਦੇ ਕੇ ਕਿਹਾ ਕਿ ਨਿਆਂਪਾਲਿਕਾ ਵਿੱਚ ਕਾਨੂੰਨ ਦਾ ਰਾਜ ਅਤੇ ਨੈਤਿਕ ਮਾਪਦੰਡ ਸਰਵਉੱਚ ਰਹਿਣੇ ਚਾਹੀਦੇ ਹਨ। ਉਨ੍ਹਾਂ ਕਿਹਾ ਕਿ ਸਰਕਾਰ ਵਕੀਲਾਂ ਦੇ ਹਿੱਤਾਂ ਦੀ ਰਾਖੀ ਲਈ ਕੋਈ ਕਸਰ ਬਾਕੀ ਨਹੀਂ ਛੱਡੇਗੀ। ਮੁੱਖ ਮੰਤਰੀ

ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੂਰੇ ਸੂਬੇ ਦੇ ਲੋਕਾਂ ਦੀ 20 ਕਿਲੋਮੀਟਰ ਦੇ ਦਾਇਰੇ ਵਿੱਚ ਅਦਾਲਤਾਂ ਤੱਕ ਪਹੁੰਚ ਏ , ਜਿਸ ਕਾਰਨ ਇਹ ਸੰਕਲਪ ਪੰਜਾਬ ਵਿੱਚ ਅਮਲੀ ਰੂਪ ਵਿੱਚ ਲਾਗੂ ਨਹੀਂ ਏ।

ਮੁੱਖ ਮੰਤਰੀ ਨੇ ਕਿਹਾ ਕਿ ਉਹ ਖੁਦ ਇਸ ਮੁੱਦੇ ਨੂੰ ਕੇਂਦਰ ਸਰਕਾਰ ਕੋਲ ਢੁਕਵੇਂ ਮੰਚਾਂ 'ਤੇ ਚੁੱਕਣਗੇ।

-----------------------------------------------------------

ਕੈਬਨਿਟ ਮੰਤਰੀ ਹਰਭਜਨ ਸਿੰਘ ਈ.ਟੀ.ਓ. ਸਬੰਧੀ ਕੀਤੀ ਟਿੱਪਣੀ ਮਾਮਲੇ ਵਿਚ ਵਿਰੋਧੀ ਧਿਰ ਦੇ ਆਗੂ ਪ੍ਰਤਾਪ ਸਿੰਘ ਬਾਜਵਾ ਦੀ ਤਰਫੋਂ ਉਨ੍ਹਾਂ ਦਾ ਵਕੀਲ ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ ਅੱਗੇ ਪੇਸ਼ ਹੋਇਆ। ਕਮਿਸ਼ਨ ਦੇ ਚੇਅਰਮੈਨ ਜਸਵੀਰ ਸਿੰਘ ਗੜ੍ਹੀ ਨੇ ਦੱਸਿਆ ਕਿ ਪ੍ਰਤਾਪ ਸਿੰਘ ਬਾਜਵਾ ਦੀ ਤਰਫੋਂ ਲਿਖਤੀ ਜਵਾਬ ਲੈ ਕੇ ਪੇਸ਼ ਹੋਏ ਵਕੀਲ ਅਰਵਿੰਦ ਕੁਮਾਰ ਸਚਦੇਵਾ ਨੇ ਪ੍ਰਤਾਪ ਸਿੰਘ ਬਾਜਵਾ ਦਾ ਸਪਸ਼ਟੀਕਰਨ ਪੇਸ਼ ਕੀਤਾ ਅਤੇ ਕਿਹਾ ਨੇਤਾ ਵਿਰੋਧੀ ਧਿਰ ਵਲੋਂ ਕੋਈ ਵੀ ਜਾਤੀ ਸੂਚਕ ਟਿੱਪਣੀ ਨਹੀਂ ਕੀਤੀ ਗਈ ਅਤੇ ਆਪਣੇ ਸਪਸ਼ਟੀਕਰਨ ਦੇ ਨਾਲ ਕੁਝ ਹੋਰ ਸਬੰਧਤ ਦਸਤਾਵੇਜ਼ ਵੀ ਪੇਸ਼ ਕੀਤੇ ਗਏ ਅਤੇ ਮਾਮਲੇ ਨੂੰ ਦਫਤਰ ਦਾਖਲ ਕਰਨ ਦੀ ਮੰਗ ਕੀਤੀ। ਸ੍ਰੀ ਗੜ੍ਹੀ ਨੇ ਕਿਹਾ ਕਿ ਜੋ ਦਸਤਾਵੇਜ਼ ਪ੍ਰਤਾਪ ਸਿੰਘ ਬਾਜਵਾ ਵਲੋਂ ਆਪਣੇ ਵਕੀਲ ਰਾਹੀਂ ਭੇਜੇ ਗਏ

ਨੇ ਉਨ੍ਹਾਂ ਬਾਰੇ ਕਾਨੂੰਨੀ ਰਾਏ ਲਈ  ਜਾਵੇਗੀ ਉਸ ਤੋਂ ਬਾਅਦ ਹੀ ਇਸ ਮਾਮਲੇ ਵਿੱਚ ਕੋਈ ਫੈਸਲਾ ਲਿਆ ਜਾਵੇਗਾ।

------------------------------------------------------------

BJP ਪੰਜਾਬ ਦੇ ਪ੍ਰਧਾਨ ਸੁਨੀਲ ਜਾਖੜ ਨੇ ਸੂਬੇ ਦੇ ਕਿਸਾਨ ਸੰਗਠਨਾਂ ਨੂੰ ਭਾਰਤ-ਅਮਰੀਕਾ ਵਪਾਰ ਸਮਝੌਤੇ 'ਤੇ ਗੱਲਬਾਤ ਲਈ ਸੱਦਾ ਦਿੱਤਾ ਏ । ਊਨਾ ਕਿਹਾ ਕਿ ਜੇਕਰ ਕਿਸਾਨਾਂ ਨੂੰ ਸਮਝੌਤੇ ਵਿੱਚ ਕੋਈ ਕਮੀ ਦਿਖਾਈ ਦਿੰਦੀ ਏ , ਤਾਂ ਉਨ੍ਹਾਂ ਨੂੰ ਅੰਦੋਲਨ ਦੀ ਬਜਾਏ ਚਰਚਾ ਦਾ ਰਸਤਾ ਚੁਣਨਾ ਚਾਹੀਦਾ ਏ । ਉਨ੍ਹਾਂ ਦੁਹਰਾਇਆ ਕਿ ਇਸ ਸਮਝੌਤੇ ਦਾ ਕਿਸਾਨਾਂ, ਖਾਸ ਕਰਕੇ ਪੰਜਾਬ ਦੇ ਕਿਸਾਨਾਂ 'ਤੇ ਕੋਈ ਮਾੜਾ ਪ੍ਰਭਾਵ ਨਹੀਂ ਪਵੇਗਾ, ਅਤੇ ਇਸ ਦੀ ਬਜਾਏ ਉਦਯੋਗ ਅਤੇ ਵਪਾਰ ਨੂੰ ਲਾਭ ਹੋਵੇਗਾ ਜਦੋਂ ਕਿ ਨੌਜਵਾਨਾਂ ਲਈ ਰੁਜ਼ਗਾਰ ਦੇ ਨਵੇਂ ਮੌਕੇ ਪੈਦਾ ਹੋਣਗੇ। ਕੱਲ੍ਹ ਮੋਹਾਲੀ ਵਿਖੇ ਪਾਰਟੀ ਵਰਕਰਾਂ ਦੀ ਮੀਟਿੰਗ ਤੋਂ ਬਾਅਦ ਪੱਤਰਕਾਰਾਂ ਨਾਲ ਗੱਲਬਾਤ  ਕਰਦਿਆਂ, ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਪੰਜਾਬ ਵਿੱਚ ਉਗਾਈਆਂ ਜਾਣ ਵਾਲੀਆਂ ਫਸਲਾਂ ਕਣਕ, ਝੋਨਾ, ਮੱਕੀ ਅਤੇ ਗੰਨੇ ਨੂੰ ਸਮਝੌਤੇ ਦੇ ਦਾਇਰੇ ਤੋਂ ਬਾਹਰ ਰੱਖਿਆ ਗਿਆ ਏ ਅਤੇ ਇਹ ਕਿਸਾਨਾਂ ਨੂੰ ਕਿਸੇ ਵੀ ਤਰ੍ਹਾਂ ਪ੍ਰਭਾਵਿਤ ਨਹੀਂ ਕਰਨਗੇ। ਸ੍ਰੀ ਜਾਖੜ ਨੇ ਕਿਸਾਨ ਸਮੂਹਾਂ ਨੂੰ ਸਪੱਸ਼ਟ ਤੌਰ 'ਤੇ ਦੱਸਣ ਦੀ ਅਪੀਲ ਕੀਤੀ ਕਿ ਉਨ੍ਹਾਂ ਮੁਤਾਬਿਕ ਇਸ ਸਮਝੌਤੇ ਦਾ ਪੰਜਾਬ ਦੇ ਕਿਸਾਨਾਂ 'ਤੇ ਕੀ ਪ੍ਰਭਾਵ ਪਵੇਗਾ। ਉਨ੍ਹਾਂ ਕਿਹਾ

ਕਿ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਕਿਸਾਨਾਂ ਦੇ ਹਿੱਤਾਂ ਦੀ ਰਾਖੀ ਲਈ ਦ੍ਰਿੜਤਾ ਨਾਲ ਵਚਨਬੱਧ ਨੇ ਅਤੇ ਇਸੇ ਸੰਕਲਪ ਨੇ ਇਹ ਯਕੀਨੀ ਬਣਾਇਆ ਏ ਕਿ ਇਸ ਸਮਝੌਤੇ ਵਿੱਚ ਪੰਜਾਬ ਦੇ ਕਿਸਾਨਾਂ ਦੇ ਹਿੱਤਾਂ ਦੀ ਰਾਖੀ ਕੀਤੀ ਜਾਵੇ। BJP ਪ੍ਰਧਾਨ ਨੇ ਕਿਸਾਨ ਸਮੂਹਾਂ ਨੂੰ ਪੰਜਾਬ ਵਿੱਚ ਖੇਤੀਬਾੜੀ ਨੀਤੀ ਲਾਗੂ ਕਰਨ ਲਈ ਦਬਾਅ ਪਾਉਣ ਦੀ ਅਪੀਲ ਵੀ ਕੀਤੀ, ਜਿਸਦਾ ਕਿਸਾਨਾਂ ਨੇ ਇੱਕ ਸਾਲ ਪਹਿਲਾਂ ਵਿਰੋਧ ਕੀਤਾ ਸੀ ਪਰ ਅਜੇ ਤੱਕ ਲਾਗੂ ਨਹੀਂ ਕੀਤਾ ਗਿਆ।

-----------------------------------------------------------

ਪਟਿਆਲਾ ਵਿਰਾਸਤੀ ਉਤਸਵ ਤਹਿਤ ਪਟਿਆਲਾ ਵਿਖੇ ਲਗਾਤਾਰ ਚੌਥੀ ਵਾਰ ਹੋਣ ਜਾ ਰਿਹਾ ਦੋ ਦਿਨਾਂ ਮਿਲਟਰੀ ਲਿਟਰੇਚਰ ਫੈਸਟੀਵਲ ਅੱਜ ਸਵੇਰੇ ਖ਼ਾਲਸਾ ਕਾਲਜ ਵਿਖੇ ਸ਼ੁਰੂ ਹੋ ਗਿਆ । ਇਸ ਮਿਲਟਰੀ ਲਿਟਰੇਚਰ ਫੈਸਟੀਵਲ ਦਾ ਉਦਘਾਟਨ ਪੰਜਾਬ ਦੇ ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ ਕੀਤਾ । ਡਿਪਟੀ ਕਮਿਸ਼ਨਰ ਵਰਜੀਤ ਵਾਲੀਆ ਨੇ ਦੱਸਿਆ ਕਿ ਜ਼ਿਲ੍ਹਾ ਪ੍ਰਾਸ਼ਨ ਵੱਲੋਂ ਮਿਲਟਰੀ ਲਿਟਰੇਚਰ ਫੈਸਟੀਵਲ ਐਸੋਸੀਏਸ਼ਨ ਦੇ ਸੇਵਾਮੁਕਤ ਲੈਫਟੀਨੈਂਟ ਜਨਰਲ  ਚੇਤਿੰਦਰ ਸਿੰਘ, ਦੇ ਸਹਿਯੋਗ ਨਾਲ ਕਰਵਾਇਆ ਜਾ ਰਿਹਾ ਏ । ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਤੇ ਆਮ ਲੋਕਾਂ ਲਈ ਇਹ ਫੈਸਟੀਵਲ ਇੱਕ ਬਹੁਤ ਹੀ ਸਿੱਖਿਆਦਾਇਕ ਸਾਬਤ ਹੋਵੇਗਾ। ਉਨ੍ਹਾਂ ਦੱਸਿਆ ਕਿ ਇਸ ਮੌਕੇ ਖ਼ਾਲਸਾ

ਕਾਲਜ ਵਿਖੇ ਪੈਨਲ ਚਰਚਾ, ਜੋਸ਼, ਜਜ਼ਬੇ ਅਤੇ ਬਹਾਦਰੀ ਦਾ ਵਰਨਣ, ਫ਼ੌਜੀ ਸਾਜ਼ੋ-ਸਾਮਾਨ ਦੀ ਪ੍ਰਦਰਸ਼ਨੀ, ਵੀਰ ਨਾਰੀਆਂ ਦਾ ਸਨਮਾਨ, ਯੋਧਿਆਂ ਦੇ ਨ੍ਰਿਤ, ਫੁੱਲ ਮਾਲਾ ਅਰਪਣ ਅਤੇ ਬ੍ਰੇਵ-ਹਾਰਟ ਮੋਟਰਸਾਈਕਲ ਰੈਲੀ, ਤੀਰ-ਅੰਦਾਜ਼ੀ ਪ੍ਰਦਰਸ਼ਨੀ ਅਤੇ ਮੁਕਾਬਲੇ, ਫ਼ੌਜ, ਆਈ.ਟੀ.ਬੀ.ਪੀ ਅਤੇ ਪੁਲਿਸ ਭਰਤੀ ਬਾਰੇ ਕਾਉਂਸਲਿੰਗ ਅਤੇ ਫ਼ੂਡ ਕੋਰਟ ਵੀ ਸਥਾਪਤ ਕੀਤੇ ਗਏ ਹਨ। ਵਰਜੀਤ ਵਾਲੀਆ ਨੇ ਦੱਸਿਆ ਕਿ ਇਸ ਵਿਸ਼ੇਸ਼ ਪਹਿਲਕਦਮੀ  ਨਾਲ ਨੌਜਵਾਨਾਂ ਨੂੰ ਹਥਿਆਰਬੰਦ ਸੈਨਾਵਾਂ ਦੀ ਅਮੀਰ ਵਿਰਾਸਤ ਤੋਂ ਜਾਣੂੰ ਕਰਵਾਉਣ ਅਤੇ ਉਨ੍ਹਾਂ 'ਚ ਫੌਜ ਵਿੱਚ ਭਰਤੀ ਹੋਣ ਦੀ ਭਾਵਨਾ ਪੈਦਾ ਕਰਨ ਲਈ ਇਹ ਮੇਲਾ ਸਹਾਈ ਹੋਵੇਗਾ।

---------------------------------------------------------------

ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ ਦੇ ਖਿਡਾਰੀਆਂ ਨੇ ਖੇਲੋ ਇੰਡੀਆ ਯੂਨੀਵਰਸਿਟੀ ਖੇਡਾਂ 2025 ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਯੂਨੀਵਰਸਿਟੀ ਦਾ ਨਾਮ ਰਾਸ਼ਟਰੀ ਪੱਧਰ ਤੇ ਰੌਸ਼ਨ ਕੀਤਾ। ਇਸ ਉਪਲਬਧੀ ਦੇ ਮੌਕੇ ਤੇ ਬੁੱਧਵਾਰ ਨੂੰ ਗੋਲਡਨ ਜੂਬਲੀ ਸੈਮੀਨਾਰ ਹਾਲ ਵਿੱਚ ਆਯੋਜਿਤ ਇੱਕ ਸਮਾਰੋਹ ਦੌਰਾਨ ਤਮਗਾ ਜੇਤੂ ਖਿਡਾਰੀਆਂ ਨੂੰ ਸਨਮਾਨਿਤ ਕੀਤਾ ਗਿਆ। ਇਸ ਮੌਕੇ ਤੇ ਕੁੱਲ 1 ਕਰੋੜ 67 ਲੱਖ  ਰੁਪਏ ਦੇ ਨਕਦ ਇਨਾਮ ਵੰਡੇ ਗਏ। ਵਾਈਸ ਚਾਂਸਲਰ ਪ੍ਰੋ. ਰੇਨੂੰ ਵਿਗ ਨੇ ਨੇ ਐਥਲੈਟਿਕਸ, ਸ਼ੂਟਿੰਗ, ਜੂਡੋ, ਅਤੇ ਸਾਈਕਲਿੰਗ ਸਮੇਤ 15 ਖੇਡ

ਮੁਕਾਬਲਿਆਂ ਦੇ ਤਮਗਾ ਜੇਤੂਆਂ, ਓਲੰਪਿਅਨਾਂ, ਕੋਚਾਂ ਅਤੇ ਮੈਨੇਜਰਾਂ ਨੂੰ ਸਨਮਾਨਿਤ ਕੀਤਾ। ਪ੍ਰੋ. ਰੇਨੂੰ ਵਿਗ ਨੇ ਖਿਡਾਰੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਰਾਸ਼ਟਰੀ ਪੱਧਰ ਦੀਆਂ ਅੰਤਰ-ਯੂਨੀਵਰਸਿਟੀ ਖੇਡਾਂ ਵਿੱਚ ਤਮਗਾ ਜਿੱਤਣਾ ਆਸਾਨ ਨਹੀਂ ਹੁੰਦਾ, ਕਿਉਂਕਿ ਮੁਕਾਬਲਾ ਬਹੁਤ ਔਖਾ ਹੁੰਦਾ ਏ। ਉਨ੍ਹਾਂ ਖਿਡਾਰੀਆਂ ਨੂੰ ਆਉਣ ਵਾਲੇ ਮੁਕਾਬਲਿਆਂ ਵਿੱਚ ਵੀ ਇਸੇ ਜੋਸ਼ ਅਤੇ ਸਮਰਪਣ ਨਾਲ ਪ੍ਰਦਰਸ਼ਨ ਕਰਨ ਲਈ ਪ੍ਰੇਰਿਤ ਕੀਤਾ। ਜ਼ਿਕਰਯੋਗ ਏ ਕਿ ਪੰਜਾਬ ਯੂਨੀਵਰਸਿਟੀ ਹੁਣ ਤੱਕ 16 ਵਾਰ ਵੱਕਾਰੀ ਮਾਕਾ ਟ੍ਰੌਫੀ ਆਪਣੇ ਨਾਮ ਕਰ ਚੁੱਕੀ ਏ।

---------------------------------------------------